ਕਾਨੜਾ ਮਹਲਾ ੫ ਘਰੁ ੯ ੴ ਸਤਿਗੁਰ ਪ੍ਰਸਾਦਿ ॥ ਪਤਿਤ ਪਾਵਨੁ ਭਗਤਿ ਬਛਲੁ ਭੈ ਹਰਨ ਤਾਰਨ ਤਰਨ ॥੧॥ ਰਹਾਉ ॥ ਨੈਨ ਤਿਪਤੇ ਦਰਸੁ ਪੇਖਿ ਜਸੁ ਤੋਖਿ ਸੁਨਤ ਕਰਨ ॥ ੧॥ ਪ੍ਰਾਨ ਨਾਥ ਅਨਾਥ ਦਾਤੇ ਦੀਨ ਗੋਬਿਦ ਸਰਨ ॥ ਆਸ ਪੂਰਨ ਦੁਖ ਬਿਨਾਸਨ ਗਹੀ ਓਟ ਨਾਨਕ ਹਰਿ ਚਰਨ ॥੨॥੧॥੪੦॥ {ਪੰਨਾ 1306}

ਪਦ ਅਰਥ:- ਪਤਿਤ—(ਵਿਕਾਰਾਂ ਵਿਚ) ਡਿੱਗੇ ਹੋਏ। ਪਤਿਤ ਪਾਵਨੁ—ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲਾ। ਭਗਤਿ ਬਛਲੁ—ਭਗਤੀ ਨਾਲ ਪਿਆਰ ਕਰਨ ਵਾਲਾ। ਭੈ ਹਰਨ—ਸਾਰੇ ਡਰ ਦੂਰ ਕਰਨ ਵਾਲਾ। ਤਰਨ—ਬੇੜੀ, ਜਹਾਜ਼। ਤਾਰਨ ਤਰਨ—(ਜੀਵਾਂ ਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾਣ ਲਈ ਜਹਾਜ਼।1। ਰਹਾਉ।

ਨੈਨ—ਅੱਖਾਂ। ਤਿਪਤੇ—ਰੱਜ ਜਾਂਦੇ ਹਨ। ਪੇਖਿ—ਵੇਖ ਕੇ। ਸੁਨਤ—ਸੁਣਦਿਆਂ। ਕਰਨ—ਕੰਨ। ਤੋਖਿ—ਸੰਤੋਖੇ ਜਾਂਦੇ ਹਨ, ਸ਼ਾਂਤੀ ਹਾਸਲ ਕਰਦੇ ਹਨ।1।

ਪ੍ਰਾਨ ਨਾਥ—ਹੇ (ਜੀਵਾਂ ਦੇ) ਪ੍ਰਾਣਾਂ ਦੇ ਨਾਥ! ਅਨਾਥ ਦਾਤੇ—ਹੇ ਅਨਾਥਾਂ ਦੇ ਦਾਤਾਰ! ਦੀਨ ਦਾਤੇ—ਹੇ ਦੀਨਾਂ ਦੇ ਦਾਤਾਰ! ਆਸ ਪੂਰਨ—ਹੇ (ਸਭ ਦੀਆਂ) ਆਸਾਂ ਪੂਰੀਆਂ ਕਰਨ ਵਾਲੇ! ਗਹੀ—ਫੜੀ ਹੈ। ਹਰਿ—ਹੇ ਹਰੀ!।2।

ਅਰਥ:- ਹੇ ਪ੍ਰਭੂ! ਤੂੰ ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲਾ ਹੈਂ, ਤੂੰ ਭਗਤੀ-ਭਾਵ ਨਾਲ ਪਿਆਰ ਕਰਨ ਵਾਲਾ ਹੈਂ, ਤੂੰ (ਜੀਵਾਂ ਦੇ ਸਾਰੇ) ਡਰ ਦੂਰ ਕਰਨ ਵਾਲਾ ਹੈਂ, ਤੂੰ (ਜੀਵਨ ਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾਣ ਲਈ ਜਹਾਜ਼ ਹੈਂ।1। ਰਹਾਉ।

ਹੇ ਪ੍ਰਭੂ! ਤੇਰਾ ਦਰਸਨ ਕਰ ਕੇ (ਮੇਰੀਆਂ) ਅੱਖਾਂ ਰੱਜ ਜਾਂਦੀਆਂ ਹਨ, (ਮੇਰੇ) ਕੰਨ ਤੇਰਾ ਜਸ ਸੁਣ ਕੇ ਠੰਢ ਹਾਸਲ ਕਰਦੇ ਹਨ।1।

ਹੇ (ਜੀਵਾਂ ਦੇ) ਪ੍ਰਾਣਾਂ ਦੇ ਨਾਥ! ਹੇ ਅਨਾਥਾਂ ਦੇ ਦਾਤੇ! ਹੇ ਦੀਨਾਂ ਦੇ ਦਾਤੇ! ਹੇ ਗੋਬਿੰਦ! ਮੈਂ ਤੇਰੀ ਸਰਨ ਆਇਆ ਹਾਂ। ਹੇ ਨਾਨਕ! (ਆਖ—) ਹੇ ਹਰੀ! ਹੇ (ਸਭ ਜੀਵਾਂ ਦੀਆਂ) ਆਸਾਂ ਪੂਰਨ ਕਰਨ ਵਾਲੇ! ਹੇ (ਸਭ ਦੇ) ਦੁੱਖ ਨਾਸ ਕਰਨ ਵਾਲੇ! ਮੈਂ ਤੇਰੇ ਚਰਨਾਂ ਦੀ ਓਟ ਲਈ ਹੈ।2।1। 40।